ਸ਼ਹੀਦ ਭਗਤ ਸਿੰਘ ਨਗਰ ਅਜੀਤ
ਅਜੀਤ, ਜਲੰਧਰ
ਐਤਵਾਰ, 17 ਨਵੰਬਰ 2024





ਡੇਰਿਕ ਇੰਟਰਨੈਸ਼ਨਲ ਸਕੂਲ ਵਿਖੇ ਪ੍ਰਮੁੱਖ ਸ਼ਖ਼ਸੀਅਤਾਂ ਦਾ ਸਨਮਾਨ ਕਰਦੇ ਹੋਏ ਪ੍ਰਿੰ. ਨੀਨਾ ਭਾਰਦਵਾਜ ਨਾਲ ਹੋਰ ਅਤੇ ਕ੍ਰਿਕਟ ਅਕੈ
ਦਾ ਉਦਘਾਟਨ ਕਰਨ ਮੌਕੇ ਹਾਜ਼ਰ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਨਾਲ ਹਲਕਾ ਇੰਚਾਰਜ ਕੁਲਜੀਤ ਸਿੰਘ ਸਰਹਾਲ ਤੇ ਹੋਰ।

# ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਨੇ ਡੈਰਿਕ ਇੰਟਰਨੈਸ਼ਨਲ ਸਕੂਲ ਬੰਗਾ ਵਿਚ ਆਧੁਨਿਕ ਕ੍ਰਿਕਟ ਅਕੈਡਮੀ ਦਾ ਕੀਤਾ ਉਦਘਾਟਨ

ਬੰਗਾ, 16 ਨਵੰਬਰ (ਕੁਲਦੀਪ ਸਿੰਘ ਪਾਬਲਾ)- ਅਕੈਡਮੀ ਨਵਾਂਸ਼ਹਿਰ ਕ੍ਰਿਕਟ ਐਸੋਸੀਏਸ਼ਨ (ਐਨ.ਡੀ.ਸੀ.ਏ.) ਅਤੇ ਪੰਜਾਬ ਕ੍ਰਿਕਟ ਐਸੋਸੀਏਸ਼ਨ (ਪੀ.ਸੀ.ਏ), ਮੋਹਾਲੀ ਦੇ ਸਹਿਯੋਗ ਨਾਲ ਸ਼ੁਰੂ ਕੀਤੀ ਗਈ ਹੈ। ਇਹ ਖੇਤਰ ਵਿਚੋਂ 7 ਨਵੀਆਂ ਕ੍ਰਿਕਟ ਪ੍ਰਤਿਭਾਵਾਂ ਨੂੰ ਉਭਾਰਨ ਲਈ ਇੱਕ ਮਹੱਤਵਪੂਰਨ ਪਹਿਲ ਹੈ। ਉਦਘਾਟਨ ਸਮਾਰੋਹ ਦੌਰਾਨ ਐਨ.ਡੀ.ਸੀ.ਏ ਦੇ ਪ੍ਰਬੰਧਕ ਹਾਜ਼ਰ ਸਨ। ਜਿਨ੍ਹਾਂ ਵਿਚ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਪ੍ਰਧਾਨ ਐਨ.ਡੀ.ਸੀ.ਏ, ਕ੍ਰਿਸ਼ਨ ਕੁਮਾਰ ਉਪ ਪ੍ਰਧਾਨ ਐਨ.ਡੀ.ਸੀ.ਏ), ਰਾਜਨ ਅਰੋੜਾ ਵਿੱਤ ਸਕੱਤਰ ਐਨ.ਡੀ.ਸੀ.ਏ, ਰਾਕੇਸ਼ ਜੋਸ਼ੀ ਜਨਰਲ ਸਕੱਤਰ ਐਨ.ਡੀ.ਸੀ.ਏ ਅਤੇ ਪ੍ਰਵੀਨ ਸਰੀਨ ਸ਼ਾਮਲ ਸਨ। ਅਕੈਡਮੀ ਦਾ ਸਬੰਧਤ ਪੱਤਰ ਡੈਰਿਕ ਇੰਟਰਨੈਸ਼ਨਲ ਸਕੂਲ ਦੀ ਪ੍ਰਿੰਸੀਪਲ ਨੀਨਾ ਭਾਰਦਵਾਜ ਨੂੰ ਸਰਕਾਰੀ ਤੌਰ 'ਤੇ ਸੌਂਪਿਆ ਗਿਆ। ਇਸ ਉਪਰੰਤ ਪ੍ਰਿੰਸੀਪਲ ਨੀਨਾ ਭਾਰਦਵਾਜ ਵੱਲੋਂ ਇਸ ਸਮਾਗਮ ਵਿਚ ਉਚੇਚੇ ਤੌਰ 'ਤੇ ਪਹੁੰਚੇ ਕੁਲਜੀਤ ਸਿੰਘ ਸਰਹਾਲ ਇੰਚਾਰਜ ਹਲਕਾ ਬੰਗਾ ਨੂੰ ਸਨਮਾਨ ਚਿੰਨ੍ਹ ਦੇ ਸਨਮਾਨਿਤ ਕੀਤਾ ਗਿਆ। ਇਸ ਦੌਰਾਨ ਆਮ ਆਦਮੀ ਦੇ ਹਲਕਾ ਇੰਚਾਰਜ ਕੁਲਜੀਤ ਸਿੰਘ ਸਰਹਾਲ ਇੰਚਾਰਜ ਬੰਗਾ ਨੇ ਡੈਰਿਕ ਇੰਟਰਨੈਸ਼ਨਲ ਸਕੂਲ ਦੀ ਮੈਨੇਜਿੰਗ ਕਮੇਟੀ ਅਤੇ ਪ੍ਰਿੰਸੀਪਲ ਨੀਨਾ ਭਾਰਦਵਾਜ ਅਤੇ ਸਮੁੱਚੀ ਟੀਮ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਇਸ ਇਲਾਕੇ ਲਈ ਬਹੁਤ ਮਾਣ ਵਾਲੀ ਗੱਲ ਹੈ ਕਿ ਇਸ ਸਕੂਲ ਵਿਚ ਕ੍ਰਿਕਟ ਖਿਡਾਰੀਆਂ ਨੂੰ ਖੇਡਣ ਦਾ ਮੌਕਾ ਪ੍ਰਦਾਨ ਕੀਤਾ ਗਿਆ। ਉਨ੍ਹਾਂ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਇਸ ਇਲਾਕੇ ਦੇ ਨੌਜਵਾਨ ਨੂੰ ਕਿਹਾ ਕਿ ਇਸ ਕ੍ਰਿਕਟ ਖੇਡ ਦਾ ਲਾਭ ਲੈਣਾ ਚਾਹੀਦਾ ਹੈ ਤਾਂ ਕਿ ਆਉਣ ਵਾਲੇ ਸਮੇਂ ਵਿਚ ਨੌਜਵਾਨਾਂ ਨੂੰ ਫ਼ਾਇਦਾ ਮਿਲ ਸਕੇ। ਇਸ ਦੌਰਾਨ ਆਪਣੇ ਸੰਬੋਧਨ ਵਿਚ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਨੇ ਅਕੈਡਮੀ ਦੀ ਆਧੁਨਿਕ ਸਹੂਲਤਾਂ ਅਤੇ ਪ੍ਰਮਾਣਿਤ ਟਰੇਨਰਾਂ ਦੁਆਰਾ ਮੁਹੱਈਆ ਕੀਤੀ ਜਾਣ ਵਾਲੀ ਵਿਸ਼ੇਸ਼ ਕੋਚਿੰਗ ਬਾਰੇ ਜ਼ਿਕਰ ਕੀਤਾ। ਉਨ੍ਹਾਂ ਨੇ ਖੇਡਾਂ ਦੇ ਮਹੱਤਵ ਨੂੰ ਉਜਾਗਰ ਕਰਦਿਆਂ ਵਿਦਿਆਰਥੀਆਂ ਨੂੰ ਇਸ ਮੌਕੇ ਦਾ ਪੂਰਾ ਫ਼ਾਇਦਾ ਚੁੱਕਣ ਲਈ ਉਤਸ਼ਾਹਿਤ ਕੀਤਾ। ਉਨ੍ਹਾਂ ਕਿਹਾ ਕਿ ਡੈਰਿਕ ਇੰਟਰਨੈਸ਼ਨਲ ਸਕੂਲ ਅਤੇ ਐਨ.ਡੀ.ਸੀ.ਏ. ਦੇ ਇਸ ਸਾਂਝੇ ਉਪਰਾਲੇ ਦਾ ਮਕਸਦ ਬੰਗਾ ਵਿਚ ਪ੍ਰਤਿਭਾਵਾਂ ਦੀ ਪਹਿਚਾਣ ਕਰਨਾ ਅਤੇ ਉਨ੍ਹਾਂ ਨਿਖਾਰਨਾ ਹੈ। ਇਸ ਮੌਕੇ ਪ੍ਰਿੰਸ ਸ਼੍ਰੀਮਤੀ ਨੀਨਾ ਭਾਰਦਵਾਜ ਧੰਨਵਾਦ ਪ੍ਰਗਟਾਉਂਦਿਆਂ ਕਿਹਾ ਅਸੀਂ ਡਿਪਟੀ ਕਮਿਸ਼ਨਰ ਐਨ.ਡੀ.ਸੀ.ਏ. ਟੀਮ ਦੇ ਇਸ ਉਪ ਨੂੰ ਸਮਰਥਨ ਦੇਣ ਲਈ ਸ਼ੁਕਰਗੁਜ਼ਾਰ ਹਾਂ। ਵਿਦਿਆਰਥੀਆਂ ਨੂੰ ਇਸ ਵਿ ਪੱਧਰੀ ਸਹੂਲਤ ਤੋਂ ਬਹੁਤ ਮਿਲੇਗਾ ਅਤੇ ਅਸੀਂ ਉਨ੍ਹਾਂ ਦੀ ਉ ਅਤੇ ਪ੍ਰਾਪਤੀਆਂ ਦੇਖਣ ਲਈ ਉ ਹਾਂ। ਇਸ ਅਕੈਡਮੀ ਦਾ ਉਦਘ ਖੇਡ ਵਿਕਾਸ ਨੂੰ ਪ੍ਰੋਤਸਾਹਿਤ ਅਤੇ ਨੌਜਵਾਨ ਖਿਡਾਰੀਆਂ ਨੂੰ ਵਿ ਵਿਚ ਮੁਹਾਰਤ ਹਾਸਲ ਕਰਨ ਦੇ ਪ੍ਰਦਾਨ ਕਰਨ ਦੀ ਵਚਨਬੱਧਤਾ ਦੁਹਰਾਇਆ ਗਿਆ।